# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 08-05-2025**

ਆਪ੍ਰੇਸ਼ਨ ਸਿੰਦੂਰ ਦੇ ਮੱਦੇਨਜ਼ਰ ਸਰਕਾਰ ਵੱਲੋਂ ਬੁਲਾਈ ਗਈ ਸਰਬ ਪਾਰਟੀ ਮੀਟਿੰਗ ਇਸ ਸਮੇਂ ਸੰਸਦ ਵਿੱਚ ਜਾਰੀ ਏ. ਮੀਟਿੰਗ ਦੌਰਾਨ, ਸਰਕਾਰ ਵੱਲੋਂ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੂੰ ਆਪ੍ਰੇਸ਼ਨ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਏ । ਰੱਖਿਆ ਮੰਤਰੀ ਰਾਜਨਾਥ ਸਿੰਘ, ਗ੍ਰਿਹ ਮੰਤਰੀ ਅਮਿਤ ਸ਼ਾਹ, ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ, ਰਾਜ ਸਭਾ ਵਿੱਚ ਸਭਾ ਦੇ ਨੇਤਾ ਅਤੇ ਭਾਜਪਾ ਪ੍ਰਧਾਨ ਜੇ.ਪੀ. ਨੱਡਾ, ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਸਮਾਜਵਾਦੀ ਪਾਰਟੀ ਦੇ ਨੇਤਾ ਰਾਮ ਗੋਪਾਲ ਯਾਦਵ,ਟੀ.ਐਮ.ਸੀ. ਨੇਤਾ ਸੁਦੀਪ ਬੰਦੋਪਾਧਿਆਏ, ਅਤੇ ਹੋਰ ਨੇਤਾ ਮੀਟਿੰਗ ਵਿੱਚ ਹਿੱਸਾ ਲੈ ਰਹੇ ਨੇ ।

-------------------------------------------------------

ਸਰਕਾਰ ਨੇ ਕਿਹਾ ਏ ਕਿ ਪਾਕਿਸਤਾਨ ਸਥਿਤ ਹੈਂਡਲ, ਪੁਰਾਣੇ ਵੀਡੀਓ ਰਾਹੀਂ ਅੰਮ੍ਰਿਤਸਰ ਦੇ ਇੱਕ ਫੌਜੀ ਟਿਕਾਣੇ 'ਤੇ ਹਮਲੇ ਦਾ ਝੂਠ ਫੈਲਾ ਰਹੇ ਨੇ. ਪ੍ਰੈਸ ਸੂਚਨਾ ਬਿਊਰੋ ਦੀ, ਤੱਥਾਂ ਦਾ ਪਤਾ ਲਾਉਣ ਬਾਰੇ ਇਕਾਈ ਅਨੁਸਾਰ, ਸਾਂਝਾ ਕੀਤਾ ਜਾ ਰਿਹਾ ਵੀਡੀਓ, 2024 ਵਿੱਚ ਜੰਗਲ ਦੀ ਅੱਗ ਦਾ ਏ। ਇਸਨੇ ਨਾਗਰਿਕਾਂ ਨੂੰ ਗੈਰ-ਪ੍ਰਮਾਣਿਤ ਜਾਣਕਾਰੀ ਸਾਂਝੀ ਕਰਨ ਤੋਂ ਬਚਣ ਅਤੇ ਸਹੀ ਜਾਣਕਾਰੀ ਲਈ ਸਰਕਾਰ ਦੇ ਅਧਿਕਾਰਤ ਸਰੋਤਾਂ 'ਤੇ ਹੀ ਭਰੋਸਾ ਕਰਨ ਲਈ ਕਿਹਾ ਏ।

-------------------------------------------------------

ਅਮ੍ਰਿਤਸਰ ਦੇ  DC , ਸਾਕਸ਼ੀ ਸਾਹਨੀ, ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਤਹਿਤ ਜਿਲ੍ਹਾ ਅੰਮ੍ਰਿਤਸਰ ਦੀ ਹਦੂਦ ਅੰਦਰ ਵਿਆਹ-ਸ਼ਾਦੀਆਂ, ਖੁਸ਼ੀ ਦੇ ਮੌਕਿਆਂ ਅਤੇ ਧਾਰਮਿਕ ਸਮਾਰੋਹਾਂ ਦੌਰਾਨ ਆਮ ਜਨਤਾ ਵੱਲੋਂ ਚਲਾਈ ਜਾਣ ਵਾਲੀ ਅਤਿਸ਼ਬਾਜੀ ਜਿਸ ਵਿੱਚ ਬੰਬ, ਹਵਾਈ ਪਟਾਖੇ ਅਤੇ ਚਾਈਨੀਜ਼ ਪਟਾਖੇ ਸ਼ਾਮਲ ਨੇ, ‘ਤੇ ਪੂਰਨ ਪਾਬੰਦੀ ਲਾ ਦਿੱਤੀ ਏ. ਇਹ ਕਦਮ ਭਾਰਤ ਸਰਕਾਰ ਅਤੇ ਪੰਜਾਬ ਦੀ ਸੂਬਾ

ਸਰਕਾਰ ਵੱਲੋਂ ਜਾਰੀ ਕੀਤੇ ਗਏ ਅਦੇਸ਼ਾ ਅਨੁਸਾਰ ਸੂਬੇ ਦੇ ਵੱਖ-ਵੱਖ ਜਿਲ੍ਹਿਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਸਿਵਲ ਡਿਫੈਂਸ ਕਾਨੂੰਨ, 1968 ਤਹਿਤ "ਮੌਕ ਡਰਿੱਲਸ" ਦੇ ਮੱਦੇਨਜ਼ਰ ਲਿਆ ਗਿਆ ਏ। ਆਮ ਤੌਰ 'ਤੇ ਵਿਆਹ-ਸ਼ਾਦੀਆਂ, ਖੁਸ਼ੀ ਦੇ ਮੌਕਿਆਂ ਅਤੇ ਧਾਰਮਿਕ ਸਮਾਰੋਹਾਂ ਦੌਰਾਨ ਆਮ ਜਨਤਾ ਵੱਲੋਂ ਅਤਿਸ਼ਬਾਜੀ, ਦੀ ਭਰਪੂਰ ਵਰਤੋਂ ਕੀਤੀ ਜਾਂਦੀ ਏ ਤੇ ਅਜਿਹੇ ਪਟਾਖਿਆਂ ਦੀ ਆਵਾਜ਼ ਨਾਲ, ਆਮ ਜਨਤਾ ਵਿੱਚ ਡਰ ਪੈਦਾ ਹੁੰਦਾ ਏ ਜਿਸ ਨਾਲ ਅਮਨ ਤੇ ਕਾਨੂੰਨ ਦੀ ਸਥਿਤੀ ਵਿਗੜਣ ਦਾ ਖਦਸ਼ਾ ਬਣਿਆ ਰਹਿੰਦਾ ਏ। ਇਹ ਆਦੇਸ਼ ਮੌਜੂਦਾ ਸਥਿਤੀ ਨੂੰ ਮੁੱਖ ਰਖਦਿਆਂ ਅਗਲੇ ਹੁਕਮਾਂ ਤੱਕ ਲਾਗੂ ਰਹਿਣਗੇ।

--------------------------------------------------

ਭਾਰਤ ਅਤੇ ਪਾਕਿਸਤਾਨ ਦਰਮਿਆਨ ਚੱਲ ਰਹੇ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿਠਣ ਲਈ ਤਰਨ-ਤਾਰਨ ਦੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਸਾਂਝਾ ਕੰਟਰੋਲ ਰੂਮ ਕਾਇਮ ਕੀਤਾ ਗਿਆ ਏ | ਜ਼ਿਲਾ ਵਾਸੀ ਕਿਸੇ ਵੀ ਹੰਗਾਮੀ ਸਥਿਤੀ

ਸਬੰਧੀ ਸੂਚਨਾ ਦੇਣ ਜਾਂ ਜਾਣਕਾਰੀ ਲੈਣ ਲਈ ਕੰਟਰੋਲ ਰੂਮ ਨੰਬਰ 0-185- 22-92-810 'ਤੇ ਸੰਪਰਕ ਕਰ ਸਕਦੇ ਨੇ | ਇਸ ਤੋਂ ਇਲਾਵਾ ਪੁਲਿਸ ਕੰਟਰੋਲ ਨੰਬਰ 112 'ਤੇ ਵੀ ਸੰਪਰਕ ਕੀਤਾ ਜਾ ਸਕਦਾ ਏ |

-----------------------------------------------------

BSF ਵਲੋਂ ਅੱਜ ਤੜਕਸਾਰ, ਫਿਰੋਜ਼ਪੁਰ ਸਰਹੱਦ 'ਤੇ ਇੱਕ ਪਾਕਿਸਤਾਨੀ ਘੁਸਪੈਠੀਏ ਨੂੰ ਮਾਰ ਮੁਕਾਇਆ ਗਿਆ ਏ। ਸੀਮਾ ਸੁਰਖਿਆ ਬਲ ਦੇ ਹਲਕਿਆਂ ਮੁਤਾਬਿਕ, ਇਹ ਘੁਸਪੈਠੀਆ, ਹਨੇਰੇ ਦਾ ਫਾਇਦਾ ਉਠਾਉਂਦਿਆਂ ਸਰਹੱਦ ਪਾਰ ਕਰਕੇ ਭਾਰਤ ਵਿਚ ਦਾਖਿਲ ਹੋ ਰਿਹਾ ਸੀ ਜਦੋਂ BSF ਦੇ ਚੌਕਸ ਜਵਾਨਾਂ ਨੇ ਉਸਨੂੰ ਵੰਗਾਰਿਆ ਤੇ ਇਸ ਕਾਰਵਾਈ ਨੂੰ ਅੰਜਾਮ ਦਿੱਤਾ। ਉਸਦੀ ਲਾਸ਼ ਨੂੰ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ ਏ।

-----------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਅਪ੍ਰੇਸ਼ਨ ਸਿੰਦੂਰ ‘ਤੇ ਕਿਹਾ ਏ ਕਿ ਭਾਰਤੀ ਫੌਜ ਦੀ ਇਸ ਦਲੇਰਾਨਾ ਕਾਰਵਾਈ ਤੇ ਪੂਰਾ ਦੇਸ਼ ਫ਼ਖ਼ਰ ਮਹਿਸੂਸ ਕਰ ਰਿਹਾ ਏ । ਉਹਨਾਂ ਕਿਹਾ ਕਿ ਫੌਜ ਨੇ ਜਿਸ

ਸਿਆਣਪ, ਸਟੀਕ ਰਣਨੀਤੀ ਅਤੇ ਹਿੰਮਤ ਨਾਲ ਇਸ ਕਾਰਵਾਈ ਨੂੰ ਅੰਜਾਮ ਦਿੱਤਾ, ਉਹ ਹਰ ਭਾਰਤੀ ਲਈ ਮਾਣ ਵਾਲੀ ਗੱਲ ਏ। ਮੰਤਰੀ ਨੇ ਇਹ ਵੀ ਕਿਹਾ ਕਿ ਪੰਜਾਬ ਨੇ ਹਮੇਸ਼ਾ ਦੇਸ਼ ਦੀ ਏਕਤਾ ਅਤੇ ਅਖੰਡਤਾ ਵਿੱਚ ਮੋਹਰੀ ਭੂਮਿਕਾ ਨਿਭਾਈ ਏ। ਉਹਨਾਂ ਅੱਗੇ ਕਿਹਾ ਕਿ ਪੰਜਾਬ ਸੂਬਾ ਪਾਕਿਸਤਾਨ ਦੀ ਸਰਹੱਦ ਨਾਲ ਲੱਗਦਾ ਏ, ਤੇ ਆਪ੍ਰੇਸ਼ਨ ਸਿੰਦੂਰ ਤੋਂ ਡਰਿਆ ਹੋਇਆ ਦੁਸ਼ਮਣ ਮੁਲਕ, ਕਿਸੇ ਵੀ ਤਰ੍ਹਾਂ ਦੀ ਨਾਪਾਕ ਸਾਜ਼ਿਸ਼ ਰਚ ਸਕਦਾ ਏ। ਇਸ ਲਈ ਸਾਨੂੰ ਵਧੇਰੇ ਸੁਚੇਤ ਅਤੇ ਅਜਿਹੀ ਹਰ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਰਹਿਣਾ ਪਵੇਗਾ। ਉਹਨਾਂ ਨੇ ਸਾਰੇ ਸਬੰਧਤ ਅਧਿਕਾਰੀਆਂ ਨੂੰ ਚੌਕਸ ਰਹਿਣ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਤੇ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਨੇ।

---------------------------------------------------------

ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ ਸਰਕਾਰੀ ਨੌਕਰੀਆਂ ‘ਚ ਵਧੇਰੇ ਮੌਕੇ ਦੇਣ ਅਤੇ ਲਿੰਗਕ ਸਮਾਨਤਾ ਨੂੰ ਉਤਸ਼ਾਹਿਤ ਕਰਨ ਵੱਲ ਇਕ ਵੱਡਾ ਕਦਮ ਚੁੱਕਦਿਆਂ ਪੰਜਾਬ ਸਿਵਲ ਸੇਵਾਵਾਂ (ਔਰਤਾਂ ਲਈ ਅਸਾਮੀਆਂ ‘ਚ ਰਾਖਵਾਂਕਰਨ) ਨੇਮ ਤਿਆਰ ਕਰਕੇ ਲਾਗੂ ਕਰ ਦਿੱਤੇ ਗਏ ਨੇ।

ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਨੇ ਕਿਹਾ ਕਿ ਇਹ ਨੇਮ ਲਾਗੂ ਹੋਣ ਨਾਲ ਸੂਬੇ ਦੇ ਸਰਕਾਰੀ ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਵਿੱਚ ਗਰੁੱਪ-ਏ, ਬੀ, ਸੀ ਅਤੇ ਡੀ ਦੀਆਂ ਨੌਕਰੀਆਂ 'ਚ ਹਰ ਵਰਗ ਦੀਆਂ ਔਰਤਾਂ ਲਈ 33 ਫੀਸਦੀ ਰਾਖਵਾਂ ਕਰਨ ਹੋਏਗਾ। ਮੰਤਰੀ ਨੇ ਇਸ ਫੈਸਲੇ 'ਤੇ ਧੰਨਵਾਦ ਪ੍ਰਗਟਾਉਦਿਆਂ ਕਿਹਾ ਕਿ ਇਹ ਕਦਮ ਸੂਬਾ ਸਰਕਾਰ ਦੀ ਲਿੰਗਕ ਤੌਰ 'ਤੇ ਨਿਰਪੱਖ, ਤੇ ਬਰਾਬਰੀ ਵਾਲਾ ਸਮਾਜ ਬਣਾਉਣ ਵੱਲ ਵਚਨਬੱਧਤਾ ਦਾ ਪ੍ਰਮਾਣ ਏ।

---------------------------------------------------

ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਕੀਤੀਆਂ ਜਾ ਰਹੀਆਂ ਲਗਾਤਾਰ ਕੋਸ਼ਿਸ਼ਾਂ ਤਹਿਤ ਸੂਬੇ ਦੇ ਸਮਾਜਿਕ ਸੁਰੱਖਿਆ ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਮਲੋਟ ਦੇ ਪਿੰਡ ਦਾਨੇਵਾਲਾ ਵਿਖੇ ਬਣਨ ਵਾਲੇ ਖੇਡ ਗਰਾਉਂਡ ਦਾ ਨੀਹਂ ਪੱਥਰ ਰੱਖਿਆ। ਮਲੋਟ ਹਲਕੇ ਦੇ 22 ਪਿੰਡਾਂ ਵਿੱਚ ਤਕਰੀਬਨ 5 ਕਰੋੜ 90 ਲੱਖ ਰੁਪਏ ਦੀ ਲਾਗਤ ਨਾਲ ਖੇਡ ਗਰਾਉਂਡ ਬਣਾਏ ਜਾ

ਰਹੇ ਨੇ। ਇਸ ਮੌਕੇ ਮੰਤਰੀ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਡ ਮੈਦਾਨ ਨਿਰਮਾਣ ਦੀ ਇਹ ਲੜੀ ਇਥੇ ਹੀ ਨਹੀਂ ਰੁਕੇਗੀ।